# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 28-04-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਸੰਬੰਧ 'ਚ ਅੱਜ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਨਵੀਂ ਦਿੱਲੀ'ਚ ਮੀਟਿੰਗ ਕੀਤੀ। ਜੰਮੂ – ਕਸ਼ਮੀਰ ਵਿਧਾਨਸਭਾ 'ਚ ਅੱਜ ਪਹਿਲਗਾਮ ਦਹਿਸ਼ਤਗਰਦ ਹਮਲੇ 'ਤੇ ਦੁਖ ਅਤੇ ਸਦਮਾ ਜ਼ਾਹਿਰ ਕਰਦਿਆਂ ਮਤਾ ਪੇਸ਼ ਕੀਤਾ ਗਿਆ.
- ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਿਕ) ਨੇ ਕੇਂਦਰ ਨੂੰ 4 ਮਈ ਨੂੰ ਹੋਣ ਵਾਲੀ ਆਪਣੀ ਅਗਲੀ ਮੀਟਿੰਗ ਵਿੱਚ ਰਾਜ ਸਰਕਾਰ ਨੂੰ ਸ਼ਾਮਲ ਨਾ ਕਰਨ ਲਈ ਕਿਹਾ ।
- ਸੂਬੇ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਖੇਤਾਂ ਵਿੱਚ ਅੱਗ ਲਗਣ ਕਾਰਨ, ਕਿਸਾਨਾਂ ਦੀ ਕਣਕ ਅਤੇ ਨਾੜ ਸੜ੍ਹਨ ਦੀਆਂ ਘਟਨਾਵਾਂ 'ਚ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ ।

- ਪੰਜਾਬ ਪੁਲਿਸ ਨੇ ਸੂਬੇ ਵਿਚ ਨਸ਼ਿਆਂ ਨੂੰ ਖਤਮ ਕਰਨ ਦੀ ਸਮਾਂ ਸੀਮਾ 31 ਮਈ ਤੈਅ ਕੀਤੀ. ਜ਼ਿਲਾ ਪੁਲਿਸ ਮੁਖੀਆਂ ਨੂੰ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਸਖਤ ਨਿਰਦੇਸ਼ ਦਿੱਤੇ ਗਏ.
- IPL TWENTY – 20 ਕ੍ਰਿਕੇਟ ਵਿੱਚ, ਮੇਜ਼ਬਾਨ ਰਾਜਸਥਾਨ ਰਾਇਲਜ਼ ਅੱਜ ਸ਼ਾਮ ਜੈਪੁਰ ਦੇ ਸਵਾਈ ਮਾਨਸਿੰਘ ਸਟੇਡੀਅਮ ਵਿੱਚ ਗੁਜਰਾਤ ਟਾਈਟਨਜ਼ ਖਿਲਾਫ਼ ਮੈਦਾਨ ‘ਚ ਉਤਰੇਗੀ.

----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਅੱਜ ਨਵੀਂ ਦਿੱਲੀ’ਚ ਆਪਣੀ ਸਰਕਾਰੀ ਰਿਹਾਇਸ਼ 'ਤੇ ਮੁਲਾਕਾਤ ਕੀਤੀ। ਪਹਿਲਗਾਮ ਦਹਿਸ਼ਤਗਰਦ ਹਮਲੇ ਅਤੇ ਉਸ ਤੋਂ ਬਾਅਦ ਦੀਆਂ ਕਾਰਵਾਈਆਂ ਦੇ ਮੱਦੇਨਜ਼ਰ ਹੋਈ ਇਹ ਮੀਟਿੰਗ ਕਰੀਬ 40 ਮਿੰਟ ਚੱਲੀ ।ਉਧਰ ਜੰਮੂ – ਕਸ਼ਮੀਰ ਵਿਧਾਨਸਭਾ ‘ਚ ਅੱਜ ਪਹਿਲਗਾਮ ‘ਚ ਹੋਏ ਦਹਿਸ਼ਤਗਰਦ ਹਮਲੇ ‘ਤੇ ਦੁਖ ਅਤੇ ਸਦਮਾ ਜ਼ਾਹਿਰ ਕਰਦਿਆਂ ਇੱਕ ਮਤਾ ਪੇਸ਼ ਕੀਤਾ ਗਿਆ. ਇਸ ਹਮਲੇ ‘ਚ 26 ਲੋਕ ਮਾਰੇ ਗਏ ਸਨ . ਇਸ ਮਤੇ ‘ਚ ਫਿਰਕੂ ਸੁਹਿਰਦਤਾ ਨੂੰ ਖਰਾਬ ਕਰਨ ਅਤੇ ਤਰੱਕੀ ‘ਚ ਵਿਘਨ ਪਾਉਣ ਦੇ ਨਾਪਾਕ ਇਰਾਦਿਆਂ ਨੂੰ ਹਰਾਉਣ ਲਈ ਮਜ਼ਬੂਤੀ ਨਾਲ ਲੜਨ ਦਾ ਅਹਿਦ ਲਿਆ ਗਿਆ. ਸਾਡੇ ਜੰਮੂ ਵਾਲੇ ਪੱਤਰਕਾਰ ਨੇ

ਖਬਰ ਦਿੱਤੀ ਏ ਕਿ ਵਿਧਾਨਸਭਾ ਦੇ ਵਿਸ਼ੇਸ਼ ਸੈਸ਼ਨਦੌਰਾਨ ਉਪ ਮੁਖ – ਮੰਤਰੀ ਸੁਰਿੰਦਰ ਚੌਧਰੀ ਨੇ ਇਹ ਮਤਾ ਪੇਸ਼ ਕੀਤਾ. ਸਭਾ 'ਚ ਮੁਖ – ਮੰਤਰੀ ਉਮਰ ਅਬਦੁੱਲਾ ਨੇ ਕਿਹਾ ਕਿ ਸਭਾ ਓਹਨਾਂ ਲੋਕਾਂ ਪ੍ਰਤੀ ਹਮਦਰਦੀ ਜ਼ਾਹਿਰ ਕਰਦੀ ਏ ਜਿਹਨਾਂ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੋਇਆ ਏ –**BYTE -**

ਸ਼੍ਰੀ ਅਬਦੁੱਲਾ ਨੇ ਇਹ ਵੀ ਕਿਹਾ ਕਿ ਪਹਿਲਗਾਮ ਹਮਲੇ ਤੋਂ ਬਾਅਦ, ਦਹਿਸ਼ਤਗਰਦੀ ਦੇ ਸ਼ੁਰੂ ਹੋਣ ਤੋਂ ਲੈ ਕੇ ਹੁਣ ਤਕ ਪਹਿਲੀ ਵਾਰ ਕਸ਼ਮੀਰ ਨੇ ਦਹਿਸ਼ਤਗਰਦੀ ਵਿਰੁੱਧ ਬਗਾਵਤ ਕੀਤੀ ਏ । ਸ਼੍ਰੀ ਅਬਦੁੱਲਾ ਨੇ ਉਮੀਦ ਪ੍ਰਗਟ ਕੀਤੀ ਕਿ ਜਦੋਂ ਲੋਕ ਇੱਕਜੁੱਟ ਹੋਣਗੇ ਤਾਂ ਦਹਿਸ਼ਤਗਰਦੀ ਖਤਮ ਹੋ ਜਾਏਗੀ.

---

26/11 ਮੁੰਬਈ ਦਹਿਸ਼ਤਗਰਦ ਹਮਲੇ ਦੇ ਮੁਖ – ਸਾਜ਼ਿਸ਼ਕਾਰ , ਤਹੱਵੁਰ ਹੁਸੈਨ ਰਾਣਾ, ਜਿਸਨੂੰ ਹਾਲ ਹੀ ਵਿੱਚ ਅਮਰੀਕਾ ਤੋਂ ਭਾਰਤ ਹਵਾਲੇ ਕੀਤਾ ਗਿਆ ਸੀ, ਨੂੰ ਅੱਜ ਰਾਸ਼ਟਰੀ ਜਾਂਚ ਏਜੰਸੀ NIA ਦੀ ਇੱਕ ਵਿਸ਼ੇਸ਼ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਕੇਂਦਰੀ ਏਜੰਸੀ ਨੇ ਹੁਣ ਆਪਣੀ ਜਾਂਚ ਜਾਰੀ ਰੱਖਣ ਲਈ 12 ਦਿਨਾਂ ਦੀ ਹੋਰ ਪੁਲਿਸ ਹਿਰਾਸਤ ਦੀ ਮੰਗ ਕੀਤੀ ਏ । ਦਿੱਲੀ ਪਟਿਆਲਾ ਹਾਊਸ

ਅਦਾਲਤ ਨੇ ਹੁਕਮ ਰਾਖਵਾਂ ਰੱਖ ਲਿਆ ਏ। ਇਹ ਉਸਦੇ 18 ਦਿਨਾਂ ਦੇ NIA ਰਿਮਾਂਡ ਦੇ ਪੂਰੇ ਹੋਣ ਤੋਂ ਬਾਅਦ ਹੋਇਆ ਏ। ਮੁੰਬਈ ਹਮਲੇ ਦੇ ਸਾਜ਼ਿਸ਼ਕਰਤਾ ਡੇਵਿਡ ਕੋਲਮੈਨ ਹੈਡਲੀ ਦੇ ਨਜ਼ਦੀਕੀ ਸਾਥੀ ਰਾਣਾ ਨੂੰ ਇਸ ਮਹੀਨੇ ਦੀ 4 ਤਰੀਕ ਨੂੰ, ਅਮਰੀਕੀ ਸੁਪਰੀਮ ਕੋਰਟ ਵੱਲੋਂ, ਭਾਰਤ ਹਵਾਲਗੀ ਵਿਰੁੱਧ ਉਸਦੀ ਸਮੀਖਿਆ ਪਟੀਸ਼ਨ ਨੂੰ ਰੱਦ ਕਰਨ ਤੋਂ ਬਾਅਦ, ਭਾਰਤ ਹਵਾਲੇ ਕਰ ਦਿੱਤਾ ਗਿਆ ਸੀ।

-----------------------------------------------------------

ਪੰਜਾਬ ਵਿੱਚ, ਕਿਸਾਨ ਮਜ਼ਦੂਰ ਮੋਰਚਾ (KMM) ਅਤੇ ਸੰਯੁਕਤ ਕਿਸਾਨ ਮੋਰਚਾ SKM (ਗੈਰ-ਰਾਜਨੀਤਿਕ) ਨੇ ਕੇਂਦਰ ਨੂੰ ਕਿਹਾ ਏ ਕਿ ਉਹ 4 ਮਈ ਨੂੰ ਹੋਣ ਵਾਲੀ ਆਪਣੀ ਅਗਲੀ ਮੀਟਿੰਗ ਵਿੱਚ ਰਾਜ ਸਰਕਾਰ ਨੂੰ ਸ਼ਾਮਲ ਨਾ ਕਰੇ। ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਲਿਖੇ ਇੱਕ ਪੱਤਰ ਵਿੱਚ, ਦੋਵਾਂ ਕਿਸਾਨ ਜਥੇਬੰਦੀਆਂ ਨੇ ਕਿਹਾ ਏ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਦੇ ਸਵੈ-ਮਾਣ ਨੂੰ ਠੇਸ ਪਹੁੰਚਾਈ ਏ ਅਤੇ ਉਨ੍ਹਾਂ ਦਾ ਅਪਮਾਨ ਕੀਤਾ ਏ। ਇਸ ਵਿਚ ਕਿਹਾ ਗਿਆ ਏ ਕਿ ਦੇਸ਼ ਭਰ ਦੇ ਕਿਸਾਨ ਉਨ੍ਹਾਂ ਤੋਂ ਨਾਰਾਜ਼ ਨੇ ਤੇ ਨਾਲ ਵੀ ਇਹ ਵੀ ਕਿਹਾ ਏ ਕਿ ਰਾਜ ਸਰਕਾਰ ਨੇ, ਉਨ੍ਹਾਂ ਨੂੰ 19 ਮਾਰਚ ਨੂੰ ਕੇਂਦਰ ਸਰਕਾਰ ਦੇ ਵਫ਼ਦ ਨਾਲ ਇੱਕ ਮੀਟਿੰਗ ਤੋਂ ਬਾਅਦ ਵਾਪਸ ਆਉਣ ਸਮੇਂ ਗ੍ਰਿਫ਼ਤਾਰ ਕਰਕੇ ਉਨ੍ਹਾਂ ਨਾਲ ਧੋਖਾ ਕੀਤਾ ਏ। ਕੱਲ੍ਹ ਮੰਤਰੀ ਨੂੰ ਲਿਖੇ ਗਏ ਪੱਤਰ

ਵਿੱਚ ਕਿਹਾ ਗਿਆ ਏ ਕਿ ਜੇਕਰ ਆਉਣ ਵਾਲੀ ਮੀਟਿੰਗ ਵਿੱਚ ਰਾਜ ਸਰਕਾਰ ਦੇ ਪ੍ਰਤੀਨਿਧੀਆਂ ਨੂੰ ਸ਼ਾਮਲ ਕੀਤਾ ਜਾਂਦਾ ਏ, ਤਾਂ SKM (ਗੈਰ-ਰਾਜਨੀਤਿਕ) ਅਤੇ KMM ਦੇ ਸੱਦੇ ਗਏ ਕਿਸਾਨ ਆਗੂ ਇਸ ਵਿੱਚ ਸ਼ਾਮਲ ਨਹੀਂ ਹੋਣਗੇ। ਕੇਂਦਰੀ ਵਫ਼ਦ ਅਤੇ ਕਿਸਾਨ ਆਗੂਆਂ ਦਰਮਿਆਨ ਪਿਛਲੀ ਮੀਟਿੰਗ 19 ਮਾਰਚ ਨੂੰ ਚੰਡੀਗੜ੍ਹ ਵਿਖੇ ਕਿਸਾਨਾਂ ਦੀਆਂ ਮੰਗਾਂ ਬਾਰੇ ਗੱਲਬਾਤ ਕਰਨ ਲਈ ਇੱਕ ਸੁਹਿਰਦ ਮਾਹੌਲ ਵਿੱਚ ਹੋਈ ਸੀ।

--------------------------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਸੂਬੇ ਭਰ ਵਿੱਚ ਅੱਗ ਲਗਣ ਕਾਰਨ ਕਿਸਾਨਾਂ ਦੀ ਕਣਕ ਅਤੇ ਨਾੜ ਸੜ ਜਾਣ ਦੀਆਂ ਘਟਨਾਵਾਂ ਦਾ ਜਾਇਜ਼ਾ ਲਿਆ ਜਾ ਰਿਹਾ ਏ ਅਤੇ ਅਨੁਮਾਨ ਆਉਣ ਤੋਂ ਬਾਅਦ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ। ਅੱਜ ਸਰਹੰਦ ਅਨਾਜ ਮੰਡੀ ਦਾ ਦੌਰਾ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਤਰੀ ਨੇ ਦਸਿਆ **-BYTE**

--------------------------------------------------------------------

ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਸ੍ਰੀ ਮੁਕਤਸਰ ਸਾਹਿਬ ਵਿੱਚ, ਮਲੋਟ ਵਿਖੇ ਜ਼ਿਲ੍ਹਾ ਉਲੰਪਿਕ

ਐਸੋਸੀਏਸ਼ਨ ਦੇ ਸਹਿਯੋਗ ਨਾਲ ਵਿੱਦਿਆ ਦੇ ਖੇਤਰ ਵਿੱਚ, ਮੱਲ੍ਹਾਂ ਮਾਰਨ ਵਾਲੀਆਂ ਕੁੜੀਆਂ ਨੂੰ ਸਨਮਾਨਿਤ ਕੀਤਾ । ਡਾ. ਬਲਜੀਤ ਕੌਰ ਬੇਟੀ ਬਚਾਓ, ਬੇਟੀ ਪੜ੍ਹਾਓ ਦਾ ਨਾਅਰਾ ਦਿੰਦਿਆਂ, ਇਸ ਵਿਸ਼ੇ ਨਾਲ ਸੰਬੰਧਿਤ ਇੱਕ ਬੁੱਤ ਨੂੰ ਵੀ ਲੋਕਾਂ ਨੂੰ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਬੁੱਤ ਰਾਹੀਂ ਸ਼ਹਿਰ 'ਚ ਆਉਣ ਜਾਣ ਵਾਲੀਆਂ ਕੁੜੀਆਂ ਨੂੰ ਪੜਾਈ ਸਬੰਧੀ ਚੰਗਾ ਸੰਦੇਸ਼ ਮਿਲੇਗਾ-**byte**

ਇਸ ਮੌਕੇ ਕੈਬਨਿਟ ਮੰਤਰੀ ਨੇ ਧੀਆਂ ਦੇ ਮਾਪਿਆਂ ਨੂੰ ਆਪਣੀ ਸੋਚ ਬਦਲਣ ਦੀ ਵੀ ਅਪੀਲ ਕੀਤੀ ਅਤੇ ਕਿਹਾ ਕਿ ਸਮਾਜ ਨੂੰ ਅਜਿਹੇ ਮਾਪਿਆਂ ਤੋਂ ਸੇਧ ਲੈਣੀ ਚਾਹੀਦੀ ਏ, ਜੋ ਆਪਣੀਆਂ ਧੀਆਂ ਨੂੰ ਅੱਗੇ ਵਧਣ ਲਈ ਹਰ ਤਰ੍ਹਾਂ ਦੀ ਸਹਾਇਤਾ ਦੇ ਰਹੇ ਨੇ।

------------------------------------------------------------

ਪੰਜਾਬ ਸਰਕਾਰ ਵਲੋਂ ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਏ ਤਾਂ ਜੋ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਪ੍ਰਦਾਨ ਕੀਤੀ ਜਾ ਸਕੇ। ਸੂਬਾ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਮਿਆਰੀ ਸਿੱਖਿਆ ਦੇ ਨਾਲ-ਨਾਲ ਬਿਹਤਰ ਬੁਨਿਆਦੀ ਢਾਂਚਾ ਵੀ ਮੁਹੱਈਆ ਕਰਵਾਇਆ ਜਾ ਰਿਹਾ ਏ। ਇਸ ਦੌਰਾਨ ਜਲੰਧਰ, ਸ਼੍ਰੀ ਮੁਕਤਸਰ ਸਾਹਿਬ ਅਤੇ ਬਠਿੰਡਾ ਦੇ ਵੱਖ-ਵੱਖ ਸਕੂਲਾਂ ਵਿੱਚ ਵਿਕਾਸ ਕਾਰਜਾਂ ਦਾ ਉਦਘਾਟਨ

ਕੀਤਾ ਗਿਆ।ਇਸੇ ਲੜੀ ਤਹਿਤ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਜ਼ਿਲ੍ਹਾ ਫਰੀਦਕੋਟ ਦੇ ਹਲਕਾ ਕੋਟਕਪੂਰਾ ਦੇ ਵੱਖ-ਵੱਖ ਸਕੂਲਾਂ ਵਿੱਚ ਕਰੀਬ 61 ਲੱਖ ਤੋਂ ਵੱਧ ਲਾਗਤ ਵਾਲੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ।

----------------------------------------------------------------

ਪੰਜਾਬ ਪੁਲਿਸ ਨੇ ਸੂਬੇ ਵਿਚ ਨਸ਼ਿਆਂ ਨੂੰ ਖਤਮ ਕਰਨ ਦੀ ਸਮਾਂ ਸੀਮਾ 31 ਮਈ ਤੈਅ ਕੀਤੀ ਏ. ਸਾਰੇ ਜ਼ਿਲ੍ਹਾ ਪੁਲਿਸ ਮੁਖੀਆਂ ਨੂੰ ਪਹਿਲੀ ਮਾਰਚ ਤੋਂ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਤਹਿਤ ਪੰਜਾਬ ਨੂੰ ਨਸ਼ਾ ਮੁਕਤ ਰਾਜ ਬਣਾਉਣ ਲਈ ਇੱਕ ਠੋਸ ਕਾਰਜ ਯੋਜਨਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ ਤਾਂ ਜੋ ਨਸ਼ਿਆਂ ਦੀ ਸਥਾਨਕ ਸਪਲਾਈ ਰੋਕੀ ਜਾ ਸਕੇ. ਪੁਲਿਸ ਦੇ ਡਾਇਰੈਕਟਰ ਜਨਰਲ (DGP) ਗੌਰਵ ਯਾਦਵ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਕਾਰਜ ਯੋਜਨਾ ਨੂੰ ਠੀਕ ਢੰਗ ਨਾਲ ਲਾਗੂ ਕਰਨ ਵਾਲੇ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ ਜਾਏਗਾ ਅਤੇ ਜਿਹਨਾਂ ਅਧਿਕਾਰੀਆਂ ਦੀ ਕਾਰਵਾਈ ਚੰਗੀ ਨਹੀਂ ਹੋਏਗੀ ਓਹਨਾਂ ਦੀ ਜਵਾਬਦੇਹੀ ਤੈਅ ਕੀਤੀ ਜਾਏਗੀ. ਪੇਸ਼ ਏ ਇੱਕ ਰਿਪੋਰਟ –

----------------------------------------------------------------

IPL TWENTY – 20 ਕ੍ਰਿਕੇਟ ਵਿੱਚ, ਮੇਜ਼ਬਾਨ ਰਾਜਸਥਾਨ ਰਾਇਲਜ਼

ਅੱਜ ਸ਼ਾਮ ਜੈਪੁਰ ਦੇ ਸਵਾਈ ਮਾਨਸਿੰਘ ਸਟੇਡੀਅਮ ਵਿੱਚ ਗੁਜਰਾਤ ਟਾਈਟਨਜ਼ ਖਿਲਾਫ਼ ਮੈਦਾਨ 'ਚ ਉਤਰੇਗੀ. ਇਹ ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਏਗਾ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਸੰਬੰਧ 'ਚ ਅੱਜ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਨਵੀਂ ਦਿੱਲੀ'ਚ ਮੀਟਿੰਗ ਕੀਤੀ। ਜੰਮੂ – ਕਸ਼ਮੀਰ ਵਿਧਾਨਸਭਾ 'ਚ ਅੱਜ ਪਹਿਲਗਾਮ ਦਹਿਸ਼ਤਗਰਦ ਹਮਲੇ 'ਤੇ ਦੁਖ ਅਤੇ ਸਦਮਾ ਜ਼ਾਹਿਰ ਕਰਦਿਆਂ ਮਤਾ ਪੇਸ਼ ਕੀਤਾ ਗਿਆ.
- ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਿਕ) ਨੇ ਕੇਂਦਰ ਨੂੰ 4 ਮਈ ਨੂੰ ਹੋਣ ਵਾਲੀ ਆਪਣੀ ਅਗਲੀ ਮੀਟਿੰਗ ਵਿੱਚ ਰਾਜ ਸਰਕਾਰ ਨੂੰ ਸ਼ਾਮਲ ਨਾ ਕਰਨ ਲਈ ਕਿਹਾ ।
- ਸੂਬੇ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਖੇਤਾਂ ਵਿੱਚ ਅੱਗ ਲਗਣ ਕਾਰਨ, ਕਿਸਾਨਾਂ ਦੀ ਕਣਕ ਅਤੇ ਨਾੜ ਸੜ੍ਹਨ ਦੀਆਂ ਘਟਨਾਵਾਂ 'ਚ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ।

- ਪੰਜਾਬ ਪੁਲਿਸ ਨੇ ਸੂਬੇ ਵਿਚ ਨਸ਼ਿਆਂ ਨੂੰ ਖਤਮ ਕਰਨ ਦੀ ਸਮਾਂ ਸੀਮਾ 31 ਮਈ ਤੈਅ ਕੀਤੀ. ਜ਼ਿਲਾ ਪੁਲਿਸ ਮੁਖੀਆਂ ਨੂੰ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਸਖਤ ਨਿਰਦੇਸ਼ ਦਿੱਤੇ ਗਏ.
- IPL TWENTY – 20 ਕ੍ਰਿਕੇਟ ਵਿੱਚ, ਮੇਜ਼ਬਾਨ ਰਾਜਸਥਾਨ ਰਾਇਲਜ਼ ਅੱਜ ਸ਼ਾਮ ਜੈਪੁਰ ਦੇ ਸਵਾਈ ਮਾਨਸਿੰਘ ਸਟੇਡੀਅਮ ਵਿੱਚ ਗੁਜਰਾਤ ਟਾਈਟਨਜ਼ ਖਿਲਾਫ਼ ਮੈਦਾਨ ‘ਚ ਉਤਰੇਗੀ.